# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 04-06-2025**

- ਸੰਸਦ ਦਾ ਮਾਨਸੂਨ ਇਜਲਾਸ 21 ਜੁਲਾਈ ਤੋਂ ਸ਼ੁਰੂ ਹੋਵੇਗਾ।
- ਪੰਜਾਬ ਮੰਤਰੀ ਮੰਡਲ ਵੱਲੋਂ ਕਿਰਤ ਸੁਧਾਰ ਨੂੰ ਮਿਲੀ ਪ੍ਰਵਾਨਗੀ I
- ਮੋਹਾਲੀ ਦੀ ਅਦਾਲਤ ਨੇ, ਵਿਸ਼ੇਸ਼ ਆਪ੍ਰੇਸ਼ਨ ਸੈੱਲ ਵਲੋਂ ਜਸੂਸੀ ਦੇ ਦੋਸ਼ ਵਿੱਚ ਗ੍ਰਿਫਤਾਰ ਯੂ-ਟਿਊਬਰ ਜਸਬੀਰ ਸਿੰਘ ਨੂੰ, ਤਿੰਨ ਦਿਨਾਂ ਪੁਲਿਸ ਰਿਮਾਂਡ 'ਤੇ ਭੇਜਿਆ।
- ਸਾਊਦੀ ਅਰਬ ਵਿੱਚ ਹੱਜ ਯਾਤਰਾ ਸ਼ੁਰੂ- ਦੁਨੀਆ ਭਰ ਤੋਂ ਲਗਭਗ 18 ਲੱਖ ਸ਼ਰਧਾਲੂ ਮੀਨਾ ਵਿੱਚ ਇਕੱਠੇ ਹੋਏ।
- ਪੰਜਾਬ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵਲੋਂ, ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ ਤਹਿਤ ਕਿਸਾਨ ਵੀਰਾਂ ਨੂੰ, ਖੇਤੀ ਸਹਾਇਕ ਧੰਦੇ ਅਪਣਾਉਣ ਲਈ ਪ੍ਰੇਰਿਤ ਕਰਨ ਦਾ ਸਿਲਸਿਲਾ ਜਾਰੀ I

- ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ‘ਚ ਮੀਹਂ ਪੈਣ ਬਾਰੇ ਪੇਸ਼ੀਨਗੋਈ ਕੀਤੀ I

---------------------------------------------------------------------------------

ਸੰਸਦ ਦਾ ਮਾਨਸੂਨ ਇਜਲਾਸ 21 ਜੁਲਾਈ ਤੋਂ ਸ਼ੁਰੂ ਹੋਵੇਗਾ । ਸਰਕਾਰ ਨੇ ਇਹ ਫੈਸਲਾ ਵਿਰੋਧੀ ਪਾਰਟੀਆਂ ਵੱਲੋਂ ਆਪ੍ਰੇਸ਼ਨ ਸਿੰਦੂਰ 'ਤੇ ਚਰਚਾ ਲਈ ਸੰਸਦ ਵਿੱਚ ਵਿਸ਼ੇਸ਼ ਇਜਲਾਸ ਬੁਲਾਉਣ ਦੀ ਮੰਗ ਦੇ ਮੱਦੇਨਜ਼ਰ ਲਿਆ ਏ। ਸੰਸਦੀ ਮਾਮਲਿਆਂ ਦੇ ਮੰਤਰੀ ਕਿਰੇਨ ਰਿਜੀਜੂ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਸੰਸਦ ਦਾ ਮਾਨਸੂਨ ਇਜਲਾਸ 12 ਅਗਸਤ ਨੂੰ ਸਮਾਪਤ ਹੋਵੇਗਾ। BYTE

ਮਾਨਸੂਨ ਇਜਲਾਸ ਆਪ੍ਰੇਸ਼ਨ ਸਿੰਦੂਰ ਤੋਂ ਬਾਅਦ ਹੋ ਰਿਹਾ ਏ , ਜੋ ਪਹਿਲਗਾਮ ਵਿੱਚ ਹੋਏ ਦਹਿਸ਼ਤਗਰਦੀ ਹਮਲੇ ਤੋਂ ਬਾਅਦ ਸ਼ੁਰੂ ਕੀਤਾ ਗਿਆ ਸੀ। ਇਸ 'ਤੇ ਕਾਰਵਾਈ ਕਰਦੇ ਹੋਏ, ਭਾਰਤੀ ਹਥਿਆਰਬੰਦ ਬਲਾਂ ਨੇ ਪਾਕਿਸਤਾਨ ਅਤੇ ਪਾਕਿਸਤਾਨ ਦੇ ਕਬਜ਼ੇ ਵਾਲੇ ਜੰਮੂ-ਕਸ਼ਮੀਰ ਵਿੱਚ 100 ਤੋਂ ਵੱਧ ਦਹਿਸ਼ਤਗਰਦਾਂ ਨੂੰ ਮਾਰ ਦਿੱਤਾ। ਸਰਕਾਰ ਨੇ ਪਹਿਲਗਾਮ ਦਹਿਸ਼ਤਗਰਦੀ ਹਮਲੇ ਤੋਂ ਬਾਅਦ ਵੱਖ-ਵੱਖ ਪਾਰਟੀਆਂ ਦੇ ਨੇਤਾਵਾਂ ਨਾਲ ਦੋ ਸਰਬ-ਪਾਰਟੀ ਮੀਟਿੰਗਾਂ ਕੀਤੀਆਂ ਸਨ।

---------------------------------------------------------------------------------

ਭਾਰਤ ਨੇ ਏਸ਼ੀਆਈ ਵਿਕਾਸ ਬੈਂਕ ਵਲੋਂ ਪਾਕਿਸਤਾਨ ਨੂੰ ਦਿੱਤੀ ਗਈ ਕਿਸੇ ਵੀ ਵਿੱਤੀ ਸਹਾਇਤਾ ਦੀ ਦੁਰਵਰਤੋਂ ਦੀ ਸੰਭਾਵਨਾ ਪ੍ਰਗਟ ਕੀਤੀ ਏ।ਭਾਰਤ ਨੇ ਪਾਕਿਸਤਾਨ ਦੇ ਵਧਦੇ ਰੱਖਿਆ ਖਰਚ, ਘਟਦੇ ਟੈਕਸ ਅਤੇ ਜੀ.ਡੀ.ਪੀ- ਅਨੁਪਾਤ ਅਤੇ ਪ੍ਰਮੁੱਖ ਆਰਥਿਕ ਵਿਆਪਕ ਸੁਧਾਰਾਂ  'ਤੇ ਪ੍ਰਤੱਖ ਪ੍ਰਗਤੀ ਦੀ ਘਾਟ ਦੇ ਮੱਦੇਨਜ਼ਰ ਬੈਂਕ ਦੇ ਸਰੋਤਾਂ ਦੀ ਸੰਭਾਵੀ ਦੁਰਵਰਤੋਂ 'ਤੇ ਡੂੰਘੀ ਚਿੰਤਾ ਪ੍ਰਗਟ ਕੀਤੀ ਹੈ। ਭਾਰਤ ਨੇ ਕਿਹਾ ਕਿ GDP ਦੇ ਹਿੱਸੇ ਵਜੋਂ ਪਾਕਿਸਤਾਨ ਦੀ ਟੈਕਸ ਵਸੂਲੀ  ਵਿੱਤੀ ਸਾਲ 2018 ਵਿੱਚ 13 ਫੀਸਦੀ  ਤੋਂ ਘਟ ਕੇ ਵਿੱਤੀ ਸਾਲ 2023 ਵਿੱਚ 9.2 ਫੀਸਦੀ ਹੋ ਗਈ ਏ । ਭਾਰਤ ਨੇ ਪਾਕਿਸਤਾਨ ਦੀ ਮੌਜੂਦਾ ਸ਼ਾਸਨ ਪ੍ਰਣਾਲੀ 'ਤੇ ਵੀ ਸਖ਼ਤ ਇਤਰਾਜ਼ ਪ੍ਰਗਟ ਕੀਤਾ ਜੋ ਖੇਤਰੀ ਸ਼ਾਂਤੀ ਅਤੇ ਸੁਰੱਖਿਆ ਲਈ ਗੰਭੀਰ ਖ਼ਤਰਾ ਬਣਿਆ ਹੋਇਆ ਏ । ਭਾਰਤ ਦੇ ਅਨੁਸਾਰ, ਸੰਯੁਕਤ ਰਾਸ਼ਟਰ ਦੁਆਰਾ ਨਾਮਜ਼ਦ ਦਹਿਸ਼ਤਗਰਦਾਂ ਦੀ ਵਿੱਤੀ ਸਹਾਇਤਾ ਜਾਂਚ ਅਤੇ ਮੁਕੱਦਮਾ ਚਲਾਉਣ ਅਤੇ ਅਪਰਾਧਿਕ ਜਾਇਦਾਦਾਂ ਨੂੰ ਜ਼ਬਤ ਕਰਨ ਨਾਲ ਸਬੰਧਤ ਸਭ ਤੋਂ ਮਹੱਤਵਪੂਰਨ ਵਿੱਤੀ ਐਕਸ਼ਨ ਟਾਸਕ ਫੋਰਸ-ਕਾਰਵਾਈ ਦੀ ਪ੍ਰਗਤੀ ਵੀ ਤੱਸਲੀਬਖਸ਼ ਨਹੀਂ ਏ ।

---------------------------------------------------------------------------

ਪੰਜਾਬ ਮੰਤਰੀ ਮੰਡਲ ਨੇ 95 ਫੀਸਦੀ ਛੋਟੇ ਕਾਰੋਬਾਰਾਂ ਉਤੇ ਲਗਦੀਆਂ ਸ਼ਰਤਾਂ ਨੂੰ ਘਟਾਉਂਦਿਆਂ ਅਤੇ ਕਾਰੋਬਾਰ ਨੂੰ ਸੁਖਾਲਾ ਬਣਾਉਣ ਲਈ ਪੰਜਾਬ ਦੁਕਾਨ ਤੇ ਵਪਾਰਕ ਅਦਾਰੇ ਐਕਟ, 1958 ਵਿੱਚ ਸੋਧ ਦੀ ਮਨਜ਼ੂਰੀ ਦੇ ਦਿੱਤੀ ਏ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਅੱਜ ਹੋਈ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਇਹ ਮਨਜ਼ੂਰੀ ਦੇ ਦਿੱਤੀ ਗਈ। ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਦੱਸਿਆ ਕਿ ਇਸ ਪ੍ਰਗਤੀਸ਼ੀਲ ਸੋਧ ਮੁਤਾਬਕ 20 ਤੱਕ ਮੁਲਾਜ਼ਮਾਂ ਵਾਲੇ ਸਾਰੇ ਅਦਾਰਿਆਂ ਨੂੰ ਹੁਣ ਇਸ ਐਕਟ ਦੀਆਂ ਸਾਰੀਆਂ ਤਜਵੀਜ਼ਾਂ ਤੋਂ ਛੋਟ ਹੋਵੇਗੀ। ਇਸ ਕਦਮ ਨਾਲ ਪੰਜਾਬ ਭਰ ਦੇ ਲੱਖਾਂ ਦੁਕਾਨ ਮਾਲਕਾਂ ਨੂੰ ਸਿੱਧਾ ਲਾਭ ਮਿਲਣ ਦੀ ਸੰਭਾਵਨਾ ਏ। ਹਾਲਾਂਕਿ ਅਜਿਹੇ ਅਦਾਰਿਆਂ ਨੂੰ ਆਪਣਾ ਕਾਰੋਬਾਰ ਸ਼ੁਰੂ ਕਰਨ ਜਾਂ ਇਸ ਐਕਟ ਦੇ ਲਾਗੂ ਹੋਣ ਦੇ ਛੇ ਮਹੀਨਿਆਂ ਦੇ ਅੰਦਰ-ਅੰਦਰ ਕਿਰਤ ਵਿਭਾਗ ਕੋਲ ਸਬੰਧਤ ਜਾਣਕਾਰੀ ਜਮ੍ਹਾਂ ਕਰਵਾਉਣ ਦੀ ਲੋੜ ਹੋਵੇਗੀ। ਮੁਲਾਜ਼ਮਾਂ ਦੀਆਂ ਤਨਖ਼ਾਹਾਂ ਵਿੱਚ ਵਾਧੇ ਲਈ ਇਕ ਤਿਮਾਹੀ ਵਿੱਚ ਓਵਰ-ਟਾਇਮ ਦੀ ਪ੍ਰਵਾਨਗੀ ਦੇ ਘੰਟੇ 50 ਤੋਂ ਵਧਾ ਕੇ 144 ਕਰ ਦਿੱਤੇ ਗਏ ਨੇ। ਇਸ ਤੋਂ ਇਲਾਵਾ ਰੋਜ਼ਾਨਾ ਦੇ ਕੰਮਕਾਜ ਦਾ ਸਮਾਂ 10 ਤੋਂ ਵਧਾ ਕੇ 12 ਘੰਟੇ ਕਰ ਦਿੱਤਾ ਗਿਆ, ਜਿਸ ਵਿੱਚ ਆਰਾਮ ਲਈ ਸਮਾਂ ਵੀ ਸ਼ਾਮਲ ਏ। ਇਸ ਦੇ ਨਾਲ-ਨਾਲ ਮੁਲਾਜ਼ਮਾਂ ਨੂੰ ਰੋਜ਼ਾਨਾ 9 ਘੰਟਿਆਂ ਜਾਂ ਹਫ਼ਤੇ ਵਿੱਚ 48 ਘੰਟਿਆਂ ਤੋਂ ਵੱਧ

ਸਮੇਂ ਉੱਤੇ ਨਿਯਮਤ ਦਰ ਤੋਂ ਦੁੱਗਣੀ ਦਰ ਨਾਲ ਅਦਾਇਗੀ ਕਰਨੀ ਲਾਜ਼ਮੀ ਹੋਵੇਗੀ।

-----------------------------------------------------------------------

ਵਿਸ਼ੇਸ਼ ਆਪ੍ਰੇਸ਼ਨ ਸੈੱਲ ਮੋਹਾਲੀ ਨੇ, ਰੋਪੜ ਦੇ ਪਿੰਡ ਮੱਲਣ ਤੋਂ ਪਾਕਿਸਤਾਨ ਨੂੰ ਜਾਣਕਾਰੀ ਦੇਣ 'ਤੇ ਕਥਿਤ ਜਸੂਸੀ ਦੇ ਦੋਸ਼ ਹੇਠ ਗ੍ਰਿਫਤਾਰ ਕੀਤੇ ਗਏ ਯੂ-ਟਿਊਬਰ ਜਸਬੀਰ ਸਿੰਘ ਜੱਸੀ ਨੂੰ ਮੋਹਾਲੀ ਦੀ ਅਦਾਲਤ ਨੇ ਤਿੰਨ ਦਿਨ ਦੇ ਪੁਲਿਸ ਰਿਮਾਂਡ 'ਤੇ ਭੇਜ ਦਿਤਾ। ਜਸਬੀਰ ਸਿੰਘ ਨੂੰ ਅੱਜ ਮੋਹਾਲੀ ਦੀ ਮੁੱਖ ਨਿਆਂਇਕ ਮੈਜਿਸਟਰੇਟ ਮੇਘਾ ਧਾਲੀਵਾਲ ਦੀ ਅਦਾਲਤ 'ਚ ਪੇਸ਼ ਕੀਤਾ ਗਿਆ ਅਤੇ ਵਿਸ਼ੇਸ਼ ਆਪ੍ਰੇਸ਼ਨ ਸੈੱਲ ਮੋਹਾਲੀ ਨੇ ਸੱਤ ਦਿਨ ਦੇ ਰਿਮਾਂਡ ਮੰਗਿਆ ਸੀ। ਦੋਵਾਂ ਪੱਖਾਂ ਦੀ ਦਲੀਲ ਸੁਣਨ ਮਗਰੋਂ ਅਦਾਲਤ ਨੇ ਤਿੰਨ ਦਿਨ ਦੇ ਪੁਲਿਸ ਰਿਮਾਂਡ ਦੇ ਹੁਕਮ ਦਿੱਤੇ ਨੇ। ਸਾਡੇ ਪਤਰਕਾਰ ਨੇ ਦਸਿਆ ਕਿ ਉਸ ਖਿਲਾਫ ਓਫਿਸ਼ਅਲ ਸੀਕਰੇਟ ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਏ। ਜ਼ਿਕਰਯੋਗ ਏ ਕਿ ਪਿੰਡ ਮਹਿਲਨ ਵਾਸੀ ਮੁਲਜ਼ਮ ਜਸਬੀਰ ਸਿੰਘ "ਜਾਨ ਮਹਿਲ" ਨਾਮਕ ਇੱਕ YouTube ਚੈਨਲ ਚਲਾਉਂਦਾ, ਇਸਨੂੰ ਨੂੰ ਇੱਕ ਦਹਿਸ਼ਤਗਰਦੀ -ਸਮਰਥਿਤ ਜਾਸੂਸੀ ਨੈੱਟਵਰਕ PIO ਸ਼ਕੀਰ ਉਰਫ਼ ਜੱਟ ਰੰਧਾਵਾ ਨਾਲ ਜੁੜਿਆ ਪਾਇਆ ਗਿਆ ਏ।

ਉਸਨੇ, ਜਾਸੂਸੀ ਲਈ ਗ੍ਰਿਫਤਾਰ ਕੀਤੀ ਜਾ ਚੁਕੀ ਹਰਿਆਣਾ ਦੀ YouTuber ਜੋਤੀ ਮਲਹੋਤਰਾ ਅਤੇ ਅਹਿਸਾਨ-ਉਰ-ਰਹੀਮ ਉਰਫ਼ ਦਾਨਿਸ਼, ਇੱਕ ਪਾਕਿਸਤਾਨੀ ਨਾਗਰਿਕ ਅਤੇ ਪਾਕਿਸਤਾਨ ਹਾਈ ਕਮਿਸ਼ਨ ਦੇ ਕੱਢੇ ਗਏ ਅਧਿਕਾਰੀ ਨਾਲ ਵੀ ਨਜ਼ਦੀਕੀ ਸੰਪਰਕ ਬਣਾਈ ਰੱਖਿਆ। ਪੁਲੀਸ ਨੂੰ ਅਗਲੇਰੀ ਪੁੱਛਗਿੱਛ ਦੌਰਾਨ ਹੋਰ ਜਾਣਕਾਰੀ ਤੇ ਖੁਲਾਸੇ ਹੋਣ ਦੀ ਉਮੀਦ ਏ ।

---------------------------------------------------------------------------------

ਭਾਰਤ ਸਮੇਤ ਦੁਨੀਆ ਭਰ ਤੋਂ ਲਗਭਗ 10 ਲੱਖ 80 ਹਜ਼ਾਰ ਸ਼ਰਧਾਲੂ ਅੱਜ ਤੋਂ ਸ਼ੁਰੂ ਹੋਈ ਪੰਜ ਦਿਨਾਂ ਸਾਲਾਨਾ ਹੱਜ ਯਾਤਰਾ ਲਈ ਸਾਊਦੀ ਅਰਬ ਦੇ ਮੀਨਾ ਵਿੱਚ ਇਕੱਠੇ ਹੋ ਰਹੇ ਨੇ । ਸ਼ਰਧਾਲੂਆਂ ਨੇ ਪਵਿੱਤਰ ਸ਼ਹਿਰ ਮੱਕਾ ਤੋਂ ਆਪਣੀ ਯਾਤਰਾ ਸ਼ੁਰੂ ਕੀਤੀ ਅਤੇ ਮੀਨਾ ਵਿੱਚ ਇਕੱਠੇ ਹੋਏ। ਇਹ ਲੋਕ ਅੱਜ ਰਾਤ ਮੀਨਾ ਵਿੱਚ ਬਿਤਾਉਣਗੇ ਅਤੇ ਕੱਲ੍ਹ ਸਵੇਰੇ ਹੱਜ ਦੀ ਮੁੱਖ ਰਸਮ ਕਰਨ ਲਈ ਅਰਾਫਾਤ ਦੇ ਮੈਦਾਨ ਵਿੱਚ ਜਾਣਗੇ। ਇਸ ਤੋਂ ਪਹਿਲਾਂ, ਘੱਟ ਗਿਣਤੀ ਮਾਮਲਿਆਂ ਦੇ ਮੰਤਰਾਲੇ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਸੀ ਕਿ ਇਹ ਮੰਤਰਾਲੇ ਦਾ ਨਿਰੰਤਰ ਉਪਰਾਲਾ ਏ ਕਿ ਹਰ ਭਾਰਤੀ ਹੱਜ ਯਾਤਰੀ ਲਈ, ਇੱਕ ਆਰਾਮਦਾਇਕ ਅਤੇ ਸਨਮਾਨਜਨਕ ਯਾਤਰਾ ਯਕੀਨੀ ਬਣਾਈ ਜਾਵੇ। "ਹੱਜ ਸੁਵਿਧਾ"

ਮੋਬਾਈਲ ਐਪ ਦੇ ਨਾਲ, ਭਾਰਤੀ ਸ਼ਰਧਾਲੂਆਂ ਨੂੰ ਜਾਣਕਾਰੀ ਅਤੇ ਸ਼ਿਕਾਇਤ ਰਿਪੋਰਟਿੰਗ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਨੇ।

---------------------------------------------------------------------------------

ਸ੍ਰੀ ਮੁਕਤਸਰ ਸਾਹਿਬ ਦੇ ਕ੍ਰਿਸ਼ੀ ਵਿਗਆਨ ਕੇਂਦਰ, ਵੱਲੋਂ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਸਹਿਯੋਗ ਨਾਲ ਅੱਜ ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ ਤਹਿਤ ਪਿੰਡ ਬਾਜਾ ਮਰਾੜ, ਬਰੀਵਾਲਾ, ਹਰੀਕੇ ਕਲਾਂ, ਲੱਕੜਵਾਲਾ, ਸਮੇਤ 9 ਪਿੰਡਾਂ ਵਿਖੇ ਕਿਸਾਨ ਵੀਰਾਂ ਨੂੰ ਖੇਤੀ ਦੇ ਨਾਲ-ਨਾਲ ਖੇਤੀ ਸਹਾਇਕ ਧੰਦੇ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ ।ਇਹ ਸਹਾਇਕ ਧੰਦੇ ਕਿਸਾਨਾਂ ਦੀ ਆਰਥਿਕ ਹਾਲਤ ਨੂੰ ਮਜ਼ਬੂਤ ਕਰਨ ਅਤੇ ਖੇਤੀਬਾੜੀ ਨਾਲ ਜੁੜੇ ਹੋਏ ਸਾਰੇ ਖੇਤਰਾਂ ਵਿੱਚ ਵਿਕਾਸ ਦੇ ਨਵੇਂ ਮੌਕੇ ਪ੍ਰਦਾਨ ਕਰਨ ਵਿੱਚ ਮਦਦਗਾਰ ਸਾਬਤ ਹੋ ਰਹੇ ਹਨ। ਇਸ ਅਭਿਆਨ ਦਾ ਮਕਸਦ ਕਿਸਾਨਾਂ ਨੂੰ ਆਧੁਨਿਕ ਤਕਨੀਕਾਂ ਅਤੇ ਖੇਤੀ ਨਾਲ ਜੁੜੇ ਹੋਏ ਨਵੇਂ ਕਾਰੋਬਾਰੀ ਮੌਕਿਆਂ ਬਾਰੇ ਜਾਣੂ ਕਰਵਾਉਣਾ ਏ , ਤਾਂ ਜੋ ਉਹ ਆਪਣੀ ਆਰਥਿਕ ਹਾਲਤ ਨੂੰ ਸੁਧਾਰ ਸਕਣ। ਮਾਹਰਾਂ ਨੇ ਦਸਿਆ ਕਿ ਖੇਤੀ ਨੂੰ ਇੱਕ ਬਹੁਤ ਵਧੀਆ ਧੰਦਾ ਬਣਾਇਆ ਜਾ ਸਕਦਾ ਏ ਜੇਕਰ ਕਿਸਾਨ ਆਧੁਨਿਕ ਤਕਨੀਕਾਂ ਅਤੇ ਨਵੇਂ ਰੂਪਾਂ ਨੂੰ ਆਪਣਾਉਂਦੇ ਨੇ । ਇਹ ਸਹਾਇਕ ਧੰਦੇ ਕਿਸਾਨਾਂ ਨੂੰ ਖੇਤੀ ਦੇ ਨਾਲ-ਨਾਲ ਆਰਥਿਕ

ਤਰੱਕੀ ਦੇ ਨਵੇਂ ਮੌਕੇ ਦਿੰਦੇ ਨੇ । ਓਧਰ ਫਾਜ਼ਿਲਕਾ ਜ਼ਿਲ੍ਹੇ ਦੇ ਸੈਯਦ ਵਾਲਾ, ਨਿਹਾਲ ਖੇੜਾ ਤੇ ਧਰਮਪੁਰਾ ਸਮੇਤ ਵੱਖ-ਵੱਖ ਪਿੰਡਾਂ ਦੇ ਕਿਸਾਨਾਂ ਲਈ ਕ੍ਰਿਸ਼ੀ ਵਿਗਿਆਨ ਕੇਂਦਰ ਅਤੇ ਇਫਕੋ ਦੇ ਅਧਿਕਾਰੀਆਂ ਦੇ ਸਾਂਝੇ ਸਹਿਯੋਗ ਨਾਲ ਜਾਗਰੂਕਤਾ ਪ੍ਰੋਗਰਾਮ ਕਰਵਾਏ । ਇਸ ਦਾ ਮੁੱਖ ਉਦੇਸ਼ ਸਾਉਣੀ ਦੀਆਂ ਫਸਲਾਂ ਦੀ ਉੱਨਤ ਉਤਪਾਦਨ ਤਕਨਾਲੋਜੀ, ਫਲਾਂ ਅਤੇ ਸਬਜ਼ੀਆਂ ਦੇ ਮੁੱਲ ਵਾਧੇ ਅਤੇ ਕੇਂਦਰ ਸਰਕਾਰ ਵੱਲੋਂ ਕਿਸਾਨਾਂ ਦੇ ਹਿੱਤ ਵਿੱਚ ਚਲਾਈਆਂ ਜਾ ਰਹੀਆਂ ਵੱਖ-ਵੱਖ ਯੋਜਨਾਵਾਂ ਅਤੇ ਸਬਸਿਡੀਆਂ ਬਾਰੇ ਜਾਣਕਾਰੀ ਪ੍ਰਦਾਨ ਕਰਨਾ ਸੀ।

------------------------------------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕੋਟਕਪੂਰਾ ਦੇ ਪਿੰਡ ਕੋਟ ਸੁਖੀਆ ਵਾਸੀ ਨੌਜਵਾਨ ਅਕਾਸ਼ਦੀਪ ਸਿੰਘ ਨੂੰ ਭਾਰਤੀ ਫੌਜ ਵਿੱਚ ਲੈਫਟੀਨੈਂਟ ਵਜੋਂ ਭਰਤੀ ਹੋਣ ’ਤੇ ਵਧਾਈ ਦਿੱਤੀ। ਸ੍ਰੀ ਸੰਧਵਾਂ ਨੇ ਉਨ੍ਹਾਂ ਦੇ ਘਰ ਪਹੁੰਚ ਕੇ ਅਕਾਸ਼ਦੀਪ ਸਿੰਘ ਦੇ ਮਾਤਾ-ਪਿਤਾ ਨੂੰ ਵੀ ਸਨਮਾਨਿਤ ਕੀਤਾ। ਉਨ੍ਹਾਂ ਕਿਹਾ ਕਿ ਇਹ ਮਾਣ ਦੀ ਗੱਲ ਏ ਅਕਾਸ਼ਦੀਪ ਸਿੰਘ ਆਪਣੀ ਮਿਹਨਤ, ਨਿਸ਼ਠਾ ਅਤੇ ਦ੍ਰਿੜ ਇਰਾਦਿਆਂ ਦੇ ਸਦਕਾ ਲੈਫਟੀਨੈਂਟ ਬਣਿਆ ਏ । ਉਨ੍ਹਾਂ ਕਿਹਾ ਕਿ ਫੌਜ ਵਿੱਚ ਭਰਤੀ ਹੋਣਾ ਸਿਰਫ਼ ਇੱਕ ਪੇਸ਼ਾ ਨਹੀਂ, ਸਗੋਂ ਦੇਸ਼ ਭਗਤੀ ਦੀ ਜੀਉਂਦੀ ਜਾਗਦੀ ਮਿਸਾਲ ਏ ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਨਵੀਂ ਦਿੱਲੀ ਵਿੱਚ ਕੇਂਦਰੀ ਮੰਤਰੀ ਪ੍ਰੀਸ਼ਦ ਦੀ ਮੀਟਿੰਗ ਦੀ ਪ੍ਰਧਾਨਗੀ ਕਰਨਗੇ। ਇਹ ਪਹਿਲਗਾਮ ਦਹਸ਼ਤਗਰਦੀ ਹਮਲੇ ਤੇ ਆਪ੍ਰੇਸ਼ਨ ਸਿੰਦੂਰ ਤਹਿਤ ਪਾਕਿਸਤਾਨ ਵਿਰੁੱਧ ਦੇਸ਼ ਵਲੋਂ ਕੀਤੀ ਗਈ ਜਵਾਬੀ ਕਾਰਵਾਈ ਤੋਂ ਬਾਅਦ ਪਹਿਲੀ ਅਜਿਹੀ ਮੀਟਿੰਗ ਹੋਵੇਗੀ ।

---

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਏ ਕਿ ਉਹ ਯੋਗ ਦਿਵਸ 2025 ਪ੍ਰਤੀ ਵਧਦੇ ਉਤਸ਼ਾਹ ਨੂੰ ਦੇਖ ਕੇ ਖੁਸ਼ ਨੇ । ਇਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਯੋਗਾਂਧਰਾ 2025 ਆਂਧਰਾ ਪ੍ਰਦੇਸ਼ ਦੇ ਲੋਕਾਂ ਦੁਆਰਾ ਯੋਗ ਨੂੰ ਪ੍ਰਸਿੱਧ ਬਣਾਉਣ ਲਈ ਇੱਕ ਸ਼ਲਾਘਾਯੋਗ ਯਤਨ ਏ । ਮੰਤਰੀ ਨੇ ਲੋਕਾਂ ਨੂੰ ਯੋਗ ਦਿਵਸ ਮਨਾਉਣ ਤੇ ਯੋਗ ਨੂੰ ਆਪਣੇ ਜੀਵਨ ਦਾ ਨਿਯਮਤ ਹਿੱਸਾ ਬਣਾਉਣ ਦਾ ਸੱਦਾ ਦਿੱਤਾ। ਸ਼੍ਰੀ ਮੋਦੀ ਨੇ ਕਿਹਾ ਕਿ ਉਹ ਇਸ ਮਹੀਨੇ ਦੀ 21 ਤਰੀਕ ਨੂੰ ਆਂਧਰਾ ਪ੍ਰਦੇਸ਼ ਵਿੱਚ ਯੋਗ ਦਿਵਸ ਮਨਾਉਣ ਦੀ ਉਮੀਦ ਕਰ ਰਹੇ ਨੇ ।

---

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਵਿੱਚੋਂ ਨਸ਼ਿਆਂ ਦੇ ਸਰਾਪ ਨੂੰ ਖਤਮ ਕਰਨ ਲਈ ਸੂਬਾ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਕਿਹਾ ਏ ਕਿ ਇਸ ਅਪਰਾਧ ਵਿਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾ ਰਿਹਾ। ਚੰਡੀਗੜ੍ਹ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਸੂਬਾ ਸਰਕਾਰ ਨੇ ਨਸ਼ਿਆਂ ਵਿਰੁੱਧ ਜ਼ੀਰੋ ਟਾਲਰੈਂਸ ਨੀਤੀ ਅਪਣਾਈ ਏ ਤੇ ਇਸ ਅਪਰਾਧ ਵਿਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾ ਰਿਹਾ। ਉਹਨਾਂ ਕਿਹਾ ਕਿ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆ ਵਿਚ ਨਸ਼ਾ ਤਸਕਰ ਦਾ ਸਾਥ ਦੇਣ ਵਾਲਿਆਂ ਦੀ ਵੀ ਪਛਾਣ ਕੀਤੀ ਜਾ ਰਹੀ ਏ ਤੇ ਉਨ੍ਹਾਂ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ।

---------------------------------------------------------------------------------

ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ ਮੋਹਾਲੀ ਨੇ ਰੂਪਨਗਰ ਦੇ ਪਿੰਡ ਮਹਿਲਨ ਦੇ ਵਸਨੀਕ ਜਸਬੀਰ ਸਿੰਘ ਨਾਲ ਜੁੜੇ ਇਕ ਮਹੱਤਵਪੂਰਨ ਜਾਸੂਸੀ ਨੈੱਟਵਰਕ ਦਾ ਪਰਦਾਫਾਸ਼ ਕੀਤਾ ਏ। ਜਸਬੀਰ ਸਿੰਘ "ਜਾਨ ਮਹਿਲ" ਨਾਮਕ ਇਕ YouTube ਚੈਨਲ ਚਲਾਉਂਦਾ ਏ। ਉਸ ਨੂੰ ਪਾਕਿਸਤਾਨ ਦੇ ਖੁਫੀਆ ਅਧਿਕਾਰੀ ਸ਼ਕੀਰ ਉਰਫ਼ ਜੱਟ ਰੰਧਾਵਾ ਨਾਲ

ਜੁੜਿਆ ਪਾਇਆ ਗਿਆ ਏ , ਜੋ ਕਿ ਇਕ ਦਹਸ਼ਤਗਰਦੀ-ਸਮਰਥਿਤ ਜਾਸੂਸੀ ਨੈੱਟਵਰਕ ਦਾ ਹਿੱਸਾ ਏ । ਉਸ ਦੇ ਜਾਸੂਸੀ ਲਈ ਗਿਰਫ਼ਤਾਰ ਹਰਿਆਣਾ-ਅਧਾਰਤ YouTuber ਜੋਤੀ ਮਲਹੋਤਰਾ ਤੇ ਇਕ ਪਾਕਿਸਤਾਨੀ ਨਾਗਰਿਕ ਅਹਿਸਾਨ-ਉਰ-ਰਹੀਮ ਉਰਫ਼ ਦਾਨਿਸ਼ ਤੇ ਭਾਰਤ ਚੋਣ ਕੱਢੇ ਗਏ ਪਾਕਿ ਹਾਈ ਕਮਿਸ਼ਨ ਅਧਿਕਾਰੀ ਨਾਲ ਵੀ ਨਜ਼ਦੀਕੀ ਸੰਪਰਕ ਸਨ । ਜਾਂਚ ਤੋਂ ਪਤਾ ਲੱਗਾ ਏ  ਕਿ ਜਸਬੀਰ ਨੇ ਦਾਨਿਸ਼ ਦੇ ਸੱਦੇ 'ਤੇ ਦਿੱਲੀ ਵਿਚ ਪਾਕਿਸਤਾਨ ਰਾਸ਼ਟਰੀ ਦਿਵਸ ਸਮਾਗਮ ਵਿੱਚ ਸ਼ਿਰਕਤ ਕੀਤੀ ਸੀ, ਜਿੱਥੇ ਉਹ ਪਾਕਿਸਤਾਨੀ ਸੈਨਾ ਅਧਿਕਾਰੀਆਂ ਤੇ ਵਲੋਗਰਾਂ ਨੂੰ ਮਿਲਿਆ ਸੀ।  ਉਸ ਨੇ ਤਿੰਨ ਵਾਰ ਪਾਕਿਸਤਾਨ ਦੀ ਯਾਤਰਾ ਕੀਤੀ ਤੇ ਉਸ ਦੇ ਫੋਨਾ ਵਿੱਚ ਕਈ ਪਾਕਿਸਤਾਨ-ਅਧਾਰਤ ਨੰਬਰ ਨੇ, ਜਿਸ ਦੀ  ਫੋਰੈਂਸਿਕ ਜਾਂਚ ਚਲ ਰਹੀ ਏ । ਇਸ ਸਬੰਧੀ f.i.r. ਦਰਜ ਕਰ ਲਈ ਗਈ ਏ ।

--------------------------------------------------------------------------------

ਸੂਬੇ ਦੇ ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਏ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਧਿਆਨ ਵਿਚ ਰੱਖਦੇ ਹੋਏ ਵਿਭਾਗ ਇਸ ਸਾਲ ਫਲਦਾਰ ਰੁੱਖਾਂ ਦੇ 3 ਕਰੋੜ 50 ਲੱਖ ਬੂਟੇ ਲਗਾਉਣ ਦੀ ਯੋਜਨਾ

ਬਣਾ ਰਿਹਾ ਏ। ਉਨ੍ਹਾਂ ਕਿਹਾ ਕਿ ਇਸ ਵਾਤਾਵਰਨ ਪੱਖੀ ਉਪਰਾਲੇ ਨਾਲ ਸੂਬੇ ਵਿਚ ਜੰਗਲਾਤ ਅਧੀਨ ਰਕਬੇ ਨੂੰ ਵਧਾਉਣ ਵਿਚ ਬਹੁਤ ਮਦਦ ਮਿਲੇਗੀ। ਇਸ ਮੌਕੇ ਉਹਨਾਂ ਮੋਹਾਲੀ ਦੇ ਪਿੰਡ ਪੱਲਣਪੁਰ ਵਿਖੇ ਨਵੀਂ ਮੁਰੰਮਤ ਕੀਤੀ ਗਈ ਇੰਸਪੈਕਸ਼ਨ ਹੱਟ ਦਾ ਉਦਘਾਟਨ ਕੀਤਾ। ਇਸ ਵਾਤਾਵਰਨ-ਪੱਖੀ ਉਪਰਾਲੇ ’ਤੇ ਲਗਭਗ 70 ਲੱਖ ਰੁਪਏ ਦੀ ਲਾਗਤ ਆਈ ਏ । ਉਨ੍ਹਾਂ ਇਸ ਮੌਕੇ ਕਿਹਾ ਕਿ ਮਿਰਜ਼ਾਪੁਰ ਵਿਚ ਵੀ ਰੈਸਟ ਹਾਊਸ ਦਾ ਨਵੀਨੀਕਰਨ ਕੀਤਾ ਜਾਵੇਗਾ ਤੇ ਨਵੀਂ ਨੁਹਾਰ ਦਿੱਤੀ ਜਾਵੇਗੀ।

------------------------------------------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਏ ਕਿ ਭਾਰਤ ਚੋਣ ਕਮਿਸ਼ਨ ਹੁਣ ਵੋਟਰ ਮਤਦਾਨ ਪ੍ਰਤੀਸ਼ਤ ਦੇ ਅਨੁਮਾਨਤ ਰੁਝਾਨਾਂ ਬਾਰੇ ਸਮੇਂ ਸਿਰ ਅੱਪਡੇਟ ਪ੍ਰਦਾਨ ਕਰਨ ਲਈ ਇਕ ਸੁਚਾਰੂ, ਤਕਨਾਲੋਜੀ-ਅਧਾਰਤ ਪ੍ਰਣਾਲੀ ਪੇਸ਼ ਕਰ ਰਿਹਾ ਏ। ਇਹ ਨਵੀਂ ਪ੍ਰਕਿਰਿਆ ਪਹਿਲਾਂ ਦੇ ਮੈਨੂਅਲ ਰਿਪੋਰਟਿੰਗ ਤਰੀਕਿਆਂ ਨਾਲ ਜੁੜੇ ਸਮੇਂ ਦੇ ਅੰਤਰ ਨੂੰ ਕਾਫ਼ੀ ਹੱਦ ਤੱਕ ਘਟਾਉਂਦੀ ਏ। ਇਹ ਪਹਿਲਕਦਮੀ ਕਮਿਸ਼ਨ ਦੀ ਸਮੇਂ ਸਿਰ ਜਨਤਕ ਸੰਚਾਰ ਨੂੰ ਯਕੀਨੀ ਬਣਾਉਣ ਦੀ ਵਚਨਬੱਧਤਾ ਨਾਲ ਮੇਲ ਖਾਂਦੀ ਏ, ਜਿਸ ਨੂੰ ਮੁੱਖ ਚੋਣ ਕਮਿਸ਼ਨਰ

ਗਿਆਨੇਸ਼ ਕੁਮਾਰ ਨੇ ਅਕਸਰ ਵੱਖ-ਵੱਖ ਮੌਕਿਆਂ 'ਤੇ ਰੇਖਾਂਕਿਤ ਕੀਤਾ ਏ।

---------------------------------------------------------------------------

ਰਾਇਲ ਚੈਲੇਂਜਰਜ਼ ਬੰਗਲੁਰੂ ਨੇ ਪਹਿਲੀ ਵਾਰ ਇੰਡੀਅਨ ਪ੍ਰੀਮੀਅਰ ਲੀਗ ਟਰਾਫੀ ਜਿੱਤੀ ਏ। ਟੀਮ ਨੇ ਬੀਤੀ ਰਾਤ ਅਹਿਮਦਾਬਾਦ ਦੇ ਨਰਿੰਦਰ ਮੋਦੀ ਸਟੇਡੀਅਮ ਵਿੱਚ ਪੰਜਾਬ ਕਿੰਗਜ਼ ਨੂੰ 6 ਦੌੜਾਂ ਨਾਲ ਹਰਾਇਆ। ਪਹਿਲਾ IPL ਖਿਤਾਬ ਜਿੱਤਣ 'ਤੇ, RCB ਦੇ ਕਪਤਾਨ ਰਜਤ ਪਾਟੀਦਾਰ ਨੇ ਕਿਹਾ, ਵਿਰਾਟ ਕੋਹਲੀ ਤੇ ਸਾਰੇ ਪ੍ਰਸ਼ੰਸਕ ਇਸ ਜਿੱਤ ਦੇ ਕਿਸੇ ਹੋਰ ਨਾਲੋਂ ਵੱਧ ਹੱਕਦਾਰ ਨੇ। ਉਨ੍ਹਾਂ ਟੀਮ ਪ੍ਰਬੰਧਨ ਤੇ ਕੋਚਿੰਗ ਸਟਾਫ ਦਾ ਹਰ ਖਿਡਾਰੀ ਦਾ ਸਮਰਥਨ ਕਰਨ ਲਈ ਧੰਨਵਾਦ ਵੀ ਕੀਤਾ।

---------------------------------------------------------------------------

ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਏ ਕਿ ਸੂਬੇ ਦੇ ਸਰਕਾਰੀ ਸਕੂਲਾਂ ਦੇ 40 ਵਿਦਿਆਰਥੀਆਂ ਨੇ ਸਖ਼ਤ ਮੁਕਾਬਲੇ ਵਾਲੀ ਜੇਈਈ ਐਡਵਾਂਸਡ ਪਾਸ ਕਰਕੇ ਇਕ ਨਵਾਂ ਮੀਲ ਪੱਥਰ ਸਥਾਪਿਤ ਕੀਤਾ ਏ, ਜਿਸ ਨਾਲ ਹੁਣ ਉਨ੍ਹਾਂ ਲਈ ਦੇਸ਼ ਦੀਆਂ ਵੱਕਾਰੀ ਆਈ.ਆਈ.ਟੀ. ਵਿੱਚ ਦਾਖਲਾ ਲੈਣ ਦਾ ਰਾਹ ਪੱਧਰਾ ਹੋ ਗਿਆ

ਏ । ਇਸ ਸ਼ਾਨਦਾਰ ਪ੍ਰਾਪਤੀ ਲਈ ਇਨ੍ਹਾਂ ਹੋਣਹਾਰ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਅਧਿਆਪਕਾਂ ਨੂੰ ਦਿਲੋਂ ਵਧਾਈ ਦਿੰਦਿਆਂ ਬੈਂਸ ਨੇ ਕਿਹਾ ਕਿ ਇਹ ਵਿਦਿਆਰਥੀ ਪੰਜਾਬ ਦਾ ਮਾਣ ਤੇ ਦੇਸ਼ ਦਾ ਭਵਿੱਖ ਨੇ । ਉਨ੍ਹਾਂ ਕਿਹਾ ਕਿ ਇਨ੍ਹਾਂ ਵਿਦਿਆਰਥੀਆਂ ਦੀ ਸਫ਼ਲਤਾ ਸਾਰਿਆਂ ਨੂੰ ਮਿਆਰੀ ਸਿੱਖਿਆ ਦੇਣ ਪ੍ਰਤੀ ਪੰਜਾਬ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਦਾ ਠੋਸ ਪ੍ਰਮਾਣ ਏ ।

---------------------------------------------------------------------------------

ਰੂਪਨਗਰ ਪੁਲਿਸ ਨੇ ਚਾਰ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਕੇ ਉਹਨਾਂ ਕੋਲੋਂ 24 ਗ੍ਰਾਮ ਤੋਂ ਵੱਧ ਨਸ਼ੀਲਾ ਪਾਊਡਰ, 19 ਗ੍ਰਾਮ ਤੋਂ ਵੱਧ ਹੈਰੋਇਨ ਅਤੇ 780 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਨੇ । ਇਸ ਤੋਂ ਇਲਾਵਾ ਇਕ ਵਿਅਕਤੀ ਨੂੰ ਗ੍ਰਿਫਤਾਰ ਕਰਕੇ ਉਸ ਦੇ ਕੋਲੋਂ ਇਕ ਪਿਸਤੌਲ ਅਤੇ 2 ਜਿੰਦਾ ਰੋਂਦ ਵੀ ਬਰਾਮਦ ਕੀਤੇ ਗਏ ਨੇ । ਇਹਨਾਂ ਵਿਰੁੱਧ ਅਸਲਾ ਐਕਟ ਅਧੀਨ ਮੁਕਦਮਾ ਦਰਜ ਕੀਤਾ ਗਿਆ ਏ ।

---------------------------------------------------------------------------------

ਪੰਜਾਬ ਭਾਸ਼ਾ ਵਿਭਾਗ ਵੱਲੋਂ ਪ੍ਰਬੁੱਧ ਸ਼ਾਇਰ ਗੁਰਦੇਵ ਚੌਹਾਨ ਨੂੰ ਸਾਹਿਤ ਪ੍ਰੇਮੀਆਂ ਦੇ ਰੂਬਰੂ ਕਰਾਉਣ ਬਾਰੇ ਇਕ ਸਮਾਗਮ ਕਰਵਾਇਆ ਗਿਆ। 'ਕਵਿਤਾ ਸੰਗਤ' ਬੈਨਰ ਹੇਠ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ

ਜ਼ਫ਼ਰ ਦੀ ਅਗਵਾਈ 'ਚ ਕਰਵਾਏ ਗਏ ਇਸ ਸਮਾਗਮ ਦੌਰਾਨ ਕਵੀ ਗੁਰਪ੍ਰੀਤ ਮਾਨਸਾ ਨੇ ਗੁਰਦੇਵ ਚੌਹਾਨ ਨਾਲ ਸੰਵਾਦ ਰਚਾਇਆ। ਸਰੋਤਿਆਂ ਨੇ ਵੀ ਸ਼੍ਰੀ ਚੌਹਾਨ ਨੂੰ ਸੁਆਲ ਕਰਕੇ, ਸਮਾਗਮ ਦੇ ਮਿਆਰ 'ਚ ਵਾਧਾ ਕੀਤਾ। ਜਸਵੰਤ ਸਿੰਘ ਜ਼ਫ਼ਰ ਨੇ ਕਿਹਾ ਕਿ ਵਧੀਆ ਸ਼ਾਇਰ ਦਾ ਮਸ਼ਹੂਰ ਸ਼ਾਇਰ ਹੋਣਾ ਲਾਜ਼ਮੀ ਨਹੀਂ ਹੁੰਦਾ। ਉਨ੍ਹਾਂ ਕਿਹਾ ਕਿ ਗੁਰਦੇਵ ਚੌਹਾਨ ਦੀ ਕਵਿਤਾ ਰਾਹੀਂ ਜਲਦੀ ਹੀ ਪਾਠਕ ਨੂੰ ਆਪਣੇ ਆਸ ਪਾਸ ਫੈਲੀ ਕਵਿਤਾ ਦੀਖਾਈ ਦੇਣ ਲੱਗਦੀ ਏ ।

---

ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸੂਬੇ ਵਿੱਚ ਸ਼ੁਰੂ ਕੀਤੀ ਨਸ਼ਾ ਮੁਕਤੀ ਯਾਤਰਾ ਤਹਿਤ  ਲੰਬੀ ਦੇ ਪਿੰਡ ਖੇਮਾਖੇੜਾ, ਭਾਈ ਕੇਰਾਂ ਅਤੇ ਮਾਹਣੀ ਖੇੜਾ ਵਿਖੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਣ ਲਈ ਜਾਗਰੂਕਤਾ ਸਮਾਗਮ ਕਰਵਾਏ ਗਏ। ਇਸ ਮੌਕੇ ਯੂਥ ਆਗੂ ਅਮੀਤ ਖੁੱਡੀਆਂ ਨੇ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਦਾ ਉਦੇਸ਼ ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਬਾਹਰ ਕੱਢਣਾ ਅਤੇ ਉਨ੍ਹਾਂ ਨੂੰ ਸਿਹਤਮੰਦ ਅਤੇ ਉੱਜਵਲ ਭਵਿੱਖ ਵੱਲ ਲਿਜਾਣਾ ਏ । ਇਸ ਦੌਰਾਨ ਉਹਨਾਂ ਪਿੰਡ ਪੱਧਰੀ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨੂੰ ਕਿਹਾ ਕਿ ਸੂਬੇ ਵਿੱਚੋਂ ਨਸ਼ਿਆਂ ਦੇ ਖ਼ਾਤਮੇ ਲਈ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਵਿੱਚ ਵੱਧ ਤੋਂ ਵੱਧ ਸਹਿਯੋਗ ਦਿੱਤਾ ਜਾਵੇ ਅਤੇ ਪਿੰਡ

ਵਾਸੀਆਂ ਨੂੰ ਨਿਰੰਤਰ ਨਸ਼ਿਆਂ ਵਿਰੁੱਧ ਲੜੀ ਜਾ ਰਹੀ ਜੰਗ ਵਿੱਚ ਇੱਕਜੁੱਟ ਹੋ ਕੇ ਸਰਕਾਰ ਦਾ ਸਹਿਯੋਗ ਦੇਣ ਲਈ ਪ੍ਰੇਰਤ ਕੀਤਾ ਜਾਵੇ।

--------------------------------------------------------------------------------

ਸੂਬੇ ਭਰ ਵਿਚ ਵੱਖ-ਵੱਖ ਖੇਤਰਾਂ ਵਿੱਚ ਵਿਲੱਖਣ ਯੋਗਦਾਨ, ਬਹਾਦਰੀ ਅਤੇ ਵਿਸ਼ੇਸ਼ ਉਪਲਬਧੀਆਂ ਹਾਸਿਲ ਕਰਨ ਵਾਲੇ ਵਾਲੇ ਬੱਚਿਆਂ ਨੂੰ, ਮਹਿਲਾ ਅਤੇ ਬਾਲ ਵਿਕਾਸ ਮੰਤਰਾਲਾ ਵੱਲੋਂ ਦਿੱਤੇ ਜਾਂਦੇ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਲਈ ਲੋੜੀਂਦੀ ਰਜਿਸਟ੍ਰੇਸ਼ਨ ਕਰਵਾਉਣ ਦੀ ਅਪੀਲ ਕੀਤੀ ਜਾ ਰਹੀ ਏ । ਸ਼ਹੀਦ ਭਗਤ ਸਿੰਘ ਨਗਰ ਦੇ ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਕਿਹਾ ਕਿ ਇਹ ਪੁਰਸਕਾਰ ਵੱਖ-ਵੱਖ ਚੁਣੌਤੀਆਂ ਦੇ ਬਾਵਜੂਦ ਵਿਸੇਸ਼ ਉਪਲਬਧੀਆਂ ਹਾਸਲ ਕਰਨ ਵਾਲੇ ਬੱਚਿਆਂ ਨੂੰ ਹਰ ਸਾਲ ਦਿੱਤਾ ਜਾਂਦਾ ਏ । ਉਨ੍ਹਾਂ ਦੱਸਿਆ ਕਿ 18 ਸਾਲ ਤੋਂ ਘੱਟ ਉਮਰ ਦਾ ਕੋਈ ਵੀ ਬੱਚਾ ਇਸ ਪੁਰਸਕਾਰ ਲਈ ਯੋਗ ਏ। ਇਸ ਲਈ ਬੱਚੇ ਨੂੰ ਨਾਮਜ਼ਦ ਕਰਨ ਲਈ ਔਨਲਾਈਨ ਪੋਰਟਲ awards.gov.in 'ਤੇ 31 ਜੁਲਾਈ ਤੱਕ ਬਿਨੇ ਕੀਤਾ ਜਾ ਸਕਦਾ ਏ ।

--------------------------------------------------------------------------------

ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ, ਚੰਡੀਗੜ੍ਹ ਅਤੇ ਦਿੱਲੀ ਸਮੇਤ ਉੱਤਰ-ਪੱਛਮੀ ਭਾਰਤ ਦੇ ਹੋਰਨਾਂ ਕਈ ਸੂਬਿਆਂ ਵਿੱਚ ਭਾਰੀ ਮੀਹਂ

ਪੇਸ਼ੀਨਗੋਈ ਕੀਤੀ ਏ। ਵਿਭਾਗ ਨੇ ਅਸਾਮ ਵਿੱਚ ਭਾਰੀ ਮੀਹਂ ਪੈਣ ਬਾਰੇ ਰੈੱਡ ਅਲਰਟ ਜਾਰੀ ਕੀਤਾ ਏ। ਅਸਾਮ ਵਿੱਚ ਹੜਾਂ ਦੀ ਸਥਿਤੀ ਗੰਭੀਰ ਬਣੀ ਹੋਈ ਏ। ਸੂਬੇ ਦੇ 21 ਜ਼ਿਲ੍ਹਿਆਂ ਵਿੱਚ 6 ਲੱਖ 30 ਹਜ਼ਾਰ ਤੋਂ ਵੱਧ ਲੋਕ ਪ੍ਰਭਾਵਿਤ ਹੋਏ ਹਨ, ਜਦੋਂ ਕਿ 12 ਲੋਕਾਂ ਦੀ ਮੌਤ ਹੋ ਗਈ ਏ। ਪਿਛਲੇ 24 ਘੰਟਿਆਂ ਵਿੱਚ, ਹੜ੍ਹ ਨਾਲ ਸਬੰਧਤ ਘਟਨਾਵਾਂ ਵਿੱਚ 6 ਲੋਕਾਂ ਦੀ ਜਾਨ ਗਈ ਹੈ ਅਤੇ 1500 ਤੋਂ ਵੱਧ ਪਿੰਡ ਪ੍ਰਭਾਵਿਤ ਹੋਏ ਹਨ। 14700 ਹੈਕਟੇਅਰ ਤੋਂ ਵੱਧ ਫਸਲੀ ਰਕਬਾ ਨੁਕਸਾਨਿਆ ਗਿਆ ਏ। ਸੂਬਾ ਸਰਕਾਰ ਨੇ ਬਚਾਅ ਕਾਰਜਾਂ ਲਈ ਰਾਸ਼ਟਰੀ ਆਫ਼ਤ ਪ੍ਰਤੀਕਿਰਿਆ ਬਲ ਅਤੇ ਸੂਬਾ ਆਫ਼ਤ ਪ੍ਰਤੀਕਿਰਿਆ ਬਲ ਨੂੰ ਤਾਇਨਾਤ ਕੀਤਾ ਏ।

---

- ਸੰਸਦ ਦਾ ਮਾਨਸੂਨ ਇਜਲਾਸ 21 ਜੁਲਾਈ ਤੋਂ ਸ਼ੁਰੂ ਹੋਵੇਗਾ।
- ਪੰਜਾਬ ਮੰਤਰੀ ਮੰਡਲ ਵੱਲੋਂ ਕਿਰਤ ਸੁਧਾਰ ਨੂੰ ਮਿਲੀ ਪ੍ਰਵਾਨਗੀ I
- ਮੋਹਾਲੀ ਦੀ ਅਦਾਲਤ ਨੇ, ਵਿਸ਼ੇਸ਼ ਆਪ੍ਰੇਸ਼ਨ ਸੈੱਲ ਵਲੋਂ ਜਸੂਸੀ ਦੇ ਦੋਸ਼ ਵਿੱਚ ਗ੍ਰਿਫਤਾਰ ਯੂ-ਟਿਊਬਰ ਜਸਬੀਰ ਸਿੰਘ ਨੂੰ, ਤਿੰਨ ਦਿਨਾਂ ਪੁਲਿਸ ਰਿਮਾਂਡ 'ਤੇ ਭੇਜਿਆ।

- ਸਾਊਦੀ ਅਰਬ ਵਿੱਚ ਹੱਜ ਯਾਤਰਾ ਸ਼ੁਰੂ- ਦੁਨੀਆ ਭਰ ਤੋਂ ਲਗਭਗ 18 ਲੱਖ ਸ਼ਰਧਾਲੂ ਮੀਨਾ ਵਿੱਚ ਇਕੱਠੇ ਹੋਏ।
- ਪੰਜਾਬ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵਲੋਂ, ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ ਤਹਿਤ ਕਿਸਾਨ ਵੀਰਾਂ ਨੂੰ, ਖੇਤੀ ਸਹਾਇਕ ਧੰਦੇ ਅਪਣਾਉਣ ਲਈ ਪ੍ਰੇਰਿਤ ਕਰਨ ਦਾ ਸਿਲਸਿਲਾ ਜਾਰੀ I
- ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ‘ਚ ਮੀਹਂ ਪੈਣ ਬਾਰੇ ਪੇਸ਼ੀਨਗੋਈ ਕੀਤੀ I

ਇਸਦੇ ਨਾਲ ਪ੍ਰਦੇਸ਼ਕ
ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀਖਬਰਾਂ ਦਾ
ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !